16ਵੀਂ ਵਿਧਾਨ ਸਭਾ
ਤੀਜਾ (ਵਿਸ਼ੇਸ਼) ਸਮਾਗਮ,2022

# ਪੰਜਾਬ ਵਿਧਾਨ ਸਭਾ

## ਕਾਰਜ-ਸੂਚੀ

**ਵੀਰਵਾਰ, 22 ਸਤੰਬਰ, 2022**
**11.00 ਵਜੇ ਸਵੇਰੇ**

---

**I. ਅਕਾਲ ਚਲਾਣਿਆਂ ਦਾ ਵਰਨਣ**

ਨਿਮਨਲਿਖਿਤ ਦੇ ਅਕਾਲ ਚਲਾਣਿਆਂ ਦਾ ਵਰਣਨ ਕੀਤਾ ਜਾਵੇਗਾ-

i. ਸਰਦਾਰ ਨਿਰਮਲ ਸਿੰਘ ਕਾਹਲੋਂ, ਸਾਬਕਾ ਸਪੀਕਰ ਅਤੇ ਸਾਬਕਾ ਮੰਤਰੀ;

ii. ਡਾਕਟਰ ਧਰਮਬੀਰ ਅਗਨੀਹੋਤਰੀ, ਸਾਬਕਾ ਐਮ.ਐਲ.ਏ; ਅਤੇ

iii. ਸ਼੍ਰੀ ਕਿਸ਼ਨ ਦੇਵ ਖੋਸਲਾ, ਪ੍ਰਸਿੱਧ ਸਮਾਜ ਸੇਵਕ।

**II. ਮਾਨਯੋਗ ਸਪੀਕਰ/ਸਕੱਤਰ ਦੁਆਰਾ ਐਲਾਨ**

**III. ਨਿਯਮ 16 ਅਧੀਨ ਪ੍ਰਸਤਾਵ**

**ਇੱਕ ਮੰਤਰੀ** ਪ੍ਰਸਤਾਵ ਕਰਨਗੇ ਕਿ ਵਿਧਾਨ ਸਭਾ ਅੱਜ ਇਸ ਦੇ ਉੱਠ ਜਾਣ ਤੇ **ਅਣਮਿੱਥੇ ਸਮੇਂ** ਲਈ ਸਥੱਗਿਤ ਹੋ ਜਾਵੇਗੀ।

**IV. ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

**ਇੱਕ ਮੰਤਰੀ ਪ੍ਰਸਤਾਵ ਕਰਨਗੇ ਕਿ-**

"ਇਹ ਸਦਨ ਸੰਕਲਪ ਕਰਦਾ ਹੈ ਕਿ ਪੰਜਾਬ ਵਿਧਾਨ ਸਭਾ (ਪੰਜਾਬ ਲੈਜਿਸਲੇਟਿਵ ਅਸੈਂਬਲੀ) ਦੇ ਚਾਲੂ ਸਮਾਗਮ ਦੀ ਵਿਸ਼ੇਸ਼ ਬੈਠਕ ਜੋ ਕੁੱਝ ਜ਼ਰੂਰੀ ਅਤੇ ਮਹੱਤਵਪੂਰਨ ਸਰਕਾਰੀ ਕੰਮ-ਕਾਰ ਲਈ ਵਿਸ਼ੇਸ਼ ਬੈਠਕ ਹੈ, ਦੇ ਦੌਰਾਨ ਕੇਵਲ ਸਰਕਾਰੀ ਕੰਮ-ਕਾਰ ਹੀ ਕੀਤਾ ਜਾਵੇ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਬੈਠਕ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਸਾਰੇ ਨਿਯਮ ਉਸ ਹੱਦ ਤੱਕ ਮੁਅੱਤਲ ਕੀਤੇ ਗਏ ਸਮਝੇ ਜਾਣ।"

**V. ਵਿਸ਼ਵਾਸ਼ ਪ੍ਰਸਤਾਵ**

**ਮਾਨਯੋਗ ਮੁੱਖ ਮੰਤਰੀ ਪ੍ਰਸਤਾਵ ਕਰਨਗੇ ਕਿ-**

"ਇਹ ਸਦਨ ਮੰਤਰੀ ਪ੍ਰੀਸ਼ਦ ਵਿੱਚ ਆਪਣਾ ਵਿਸ਼ਵਾਸ਼ ਪ੍ਰਗਟਾਉਂਦਾ ਹੈ। "

ਚੰਡੀਗੜ੍ਹ:
21 ਸਤੰਬਰ, 2022

ਸੁਰਿੰਦਰ ਪਾਲ,
ਸਕੱਤਰ।

---